# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 08:30

**ਮਿਤੀ :12-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- 18ਵਾਂ ਬ੍ਰਿਕਸ ਸਿਖਰ ਸੰਮੇਲਨ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸ਼ੁਰੂ ਹੋ ਰਿਹਾ ਏ | ਦੋ ਦਿਨਾਂ ਸੰਮੇਲਨ ਦੌਰਾਨ ਵਿਸ਼ਵ ਸ਼ਾਸਨ , ਵਪਾਰ ਤੇ ਨਿਵੇਸ਼ ਅਤੇ ਭੋਜਨ ਤੇ ਊਰਜਾ ਸੁਰੱਖਿਆ ਵਰਗੇ ਮੁੱਦਿਆਂ ਤੇ ਚਰਚਾ ਹੋਏਗੀ |
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਚੀਨ ਦੇ ਰਾਸ਼ਟਰਪਤੀ ਸ਼ੀ ਜਿਨਫਿੰਗ ਸਮੇਤ ਕਈ ਬ੍ਰਿਕਸ ਨੇਤਾਵਾਂ ਨਾਲ ਦੁਵੱਲੀ ਗੱਲਬਾਤ ਕਰਨਗੇ |
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਿਸ਼ਵ ਵਪਾਰ ਦੇ ਨਿਰਵਿਘਨ ਪ੍ਰਵਾਹ ਨੂੰ ਬਣਾਈ ਰੱਖਣ ਲਈ ਸੁਰੱਖਿਅਤ ਸਮੁੰਦਰੀ ਮਾਰਗਾਂ, ਨਿਰਵਿਘਨ ਸਪਲਾਈ ਲੜੀ ਅਤੇ ਸਮੁੰਦਰੀ ਨਾਵਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦਾ ਸੱਦਾ ਦਿੱਤਾ ਏ।

- ਉੱਤਰ ਪ੍ਰਦੇਸ਼ ਦੇ 25 ਜ਼ਿਲ੍ਹੇ ਹੜਾਂ ਦੀ ਮਾਰ ਹੇਠ ਨੇ | ਰਾਹਤ ਤੇ ਬਚਾਅ ਕਾਰਜ ਤੇਜ਼ ਕਰ ਦਿੱਤੇ ਗਏ ਨੇ |
- ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਦੇ ਪਹਿਲੇ ਸੈਮੀਫਾਈਨਲ ਵਿੱਚ ਅੱਜ ਭਾਰਤ ਦਾ ਦੱਖਣੀ ਕੋਰੀਆ ਨਾਲ ਮੁਕਾਬਲਾ ਹੋਏਗਾ |

## ***ਹੁਣ ਖਬਰਾਂ ਵਿਸਥਾਰ ਨਾਲ***

18ਵਾਂ ਬ੍ਰਿਕਸ (BRICS) ਸਿਖਰ ਸੰਮੇਲਨ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸ਼ੁਰੂ ਹੋ ਰਿਹਾ ਹੈ। ਦੋ ਦਿਨਾਂ ਦੇ ਇਸ ਵਿਸ਼ਵ ਪੱਧਰੀ ਸੰਮੇਲਨ ਵਿੱਚ ਵਿਕਾਸਸ਼ੀਲ ਅਤੇ ਉੱਭਰਦੀਆਂ ਅਰਥਵਿਵਸਥਾਵਾਂ ਵਾਲੇ 11 ਦੇਸ਼ ਸ਼ਾਮਲ ਹੋਣਗੇ, ਇਨ੍ਹਾਂ ਵਿੱਚ ਬ੍ਰਾਜ਼ੀਲ, ਚੀਨ, ਮਿਸਰ, ਇਥੋਪੀਆ, ਇੰਡੋਨੇਸ਼ੀਆ, ਭਾਰਤ, ਈਰਾਨ, ਰੂਸ, ਸਾਊਦੀ ਅਰਬ, ਦੱਖਣੀ ਅਫਰੀਕਾ ਅਤੇ ਸੰਯੁਕਤ ਅਰਬ ਅਮੀਰਾਤ ਸ਼ਾਮਲ ਹਨ। ਇਸ ਉੱਚ-ਪੱਧਰੀ ਸੰਮੇਲਨ ਦੌਰਾਨ, ਬ੍ਰਿਕਸ ਮੈਂਬਰ ਦੇਸ਼ਾਂ ਦੇ ਨੇਤਾ ਕਈ ਅਹਿਮ ਮੁੱਦਿਆਂ 'ਤੇ ਚਰਚਾ ਕਰਨਗੇ, ਇਨ੍ਹਾਂ 'ਚ ਵਿਸ਼ਵ ਸ਼ਾਸਨ, ਬਹੁ-ਪੱਖੀਵਾਦ, ਵਪਾਰ ਅਤੇ ਨਿਵੇਸ਼, ਤਕਨਾਲੋਜੀ, ਭੋਜਨ ਅਤੇ ਊਰਜਾ ਸੁਰੱਖਿਆ, ਸਿਹਤ ਸੰਭਾਲ, ਆਫ਼ਤਾਂ ਨਾਲ ਨਜਿੱਠਣ ਦੀ ਸਮਰੱਥਾ ਅਤੇ ਜ਼ਰੂਰੀ ਸਪਲਾਈ ਲੜੀ ਸ਼ਾਮਲ ਏ । 2026 ਦਾ ਬ੍ਰਿਕਸ ਸੰਮੇਲਨ ਭਾਰਤ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਦਾ

ਵਿਸ਼ਾ ਏ "ਲਚਕੀਲਾਪਨ , ਨਵੀਨਤਾ, ਸਹਿਯੋਗ ਅਤੇ ਸਥਿਰਤਾ ਲਈ ਨਿਰਮਾਣ" ਹੈ। ਇਸ ਉੱਚ-ਪੱਧਰੀ ਸੰਮੇਲਨ ਵਿੱਚ ਦੁਨੀਆ ਭਰ ਦੇ ਕਈ ਨੇਤਾ ਹਿੱਸਾ ਲੈਣਗੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਲ-ਨਾਲ, ਇਸ ਸੰਮੇਲਨ ਵਿੱਚ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ, ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ, ਦੱਖਣੀ ਅਫਰੀਕਾ ਦੇ ਰਾਸ਼ਟਰਪਤੀ ਸਿਰਿਲ ਰਾਮਾਫੋਸਾ, ਮਿਸਰ ਦੇ ਰਾਸ਼ਟਰਪਤੀ ਅਬਦੇਲ ਫਤਾਹ ਅਲ-ਸੀਸੀ, ਇੰਡੋਨੇਸ਼ੀਆ ਦੇ ਰਾਸ਼ਟਰਪਤੀ ਪ੍ਰਾਬੋਵੋ ਸੁਬਿਆਂਤੋ ਅਤੇ ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਸ਼ਾਮਲ ਹੋਣਗੇ। ਇਥੋਪੀਆ ਦੇ ਪ੍ਰਧਾਨ ਮੰਤਰੀ ਅਬੀ ਅਹਿਮਦ ਅਤੇ ਅਬੂ ਧਾਬੀ ਦੇ ਕ੍ਰਾਊਨ ਪ੍ਰਿੰਸ ਸ਼ੇਖ ਖਾਲਿਦ ਬਿਨ ਮੁਹੰਮਦ ਬਿਨ ਜ਼ਾਇਦ ਅਲ ਨਾਹਯਾਨ ਵੀ ਸੰਮੇਲਨ ਵਿੱਚ ਸ਼ਿਰਕਤ ਕਰਨਗੇ । ਬ੍ਰਾਜ਼ੀਲ ਦੀ ਨੁਮਾਇੰਦਗੀ ਵਿਦੇਸ਼ ਮੰਤਰੀ ਮੌਰੋ ਵੀਏਰਾ ਕਰਨਗੇ, ਜਦਕਿ ਸਾਊਦੀ ਅਰਬ ਦੇ ਵਿਦੇਸ਼ ਮੰਤਰੀ ਪ੍ਰਿੰਸ ਫੈਸਲ ਬਿਨ ਫਰਹਾਨ ਅਲ-ਸੌਦ ਵੀ ਇਸ ਵਿੱਚ ਸ਼ਾਮਲ ਹੋਣਗੇ। ਸੰਮੇਲਨ ਦੀ ਸ਼ੁਰੂਆਤ ਬ੍ਰਿਕਸ ਮੈਂਬਰ ਦੇਸ਼ਾਂ ਲਈ "ਸਮਾਵੇਸ਼ੀ ਵਿਸ਼ਵ ਸ਼ਾਸਨ ਅਤੇ ਬਹੁ-ਪੱਖੀਵਾਦ ਨੂੰ ਮਜ਼ਬੂਤ ਕਰਨ" ਦੇ ਵਿਸ਼ੇ 'ਤੇ ਇੱਕ ਸੈਸ਼ਨ ਨਾਲ ਹੋਵੇਗੀ। ਬ੍ਰਿਕਸ ਮੈਂਬਰ ਦੇਸ਼ਾਂ ਦੇ ਆਗੂ ਭਾਰਤ ਮੰਡਪਮ ਵਿਖੇ 'ਭਾਰਤ ਇਨੋਵੇਟਸ' (Bharat Innovates) ਪ੍ਰਦਰਸ਼ਨੀ ਦਾ ਦੌਰਾ ਵੀ ਕਰਨਗੇ। ਇਸ ਤੋਂ ਬਾਅਦ, ਸਾਰੇ ਮੈਂਬਰ ਦੇਸ਼ ਸਮੂਹਿਕ ਤੌਰ 'ਤੇ

ਰੁੱਖ ਲਗਾਉਣ ਦੇ ਪ੍ਰੋਗਰਾਮ ਵਿੱਚ ਹਿੱਸਾ ਲੈਣਗੇ। ਬਾਅਦ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਰਾਤ ਦੇ ਖਾਣੇ ਦੀ ਮੇਜ਼ਬਾਨੀ ਕੀਤੀ ਜਾਵੇਗੀ। ਅੱਜ, ਸੰਮੇਲਨ ਦੇ ਨਾਲ-ਨਾਲ, ਪ੍ਰਧਾਨ ਮੰਤਰੀ ਚੀਨ ਦੇ ਰਾਸ਼ਟਰਪਤੀ ਸ਼ੀ ਜਿਨਫਿੰਗ ਸਮੇਤ ਬ੍ਰਿਕਸ ਆਗੂਆਂ ਨਾਲ ਕਈ ਦੁਵੱਲੀਆਂ ਮੀਟਿੰਗਾਂ ਵੀ ਕਰਨਗੇ।

---

18ਵੇਂ ਬ੍ਰਿਕਸ (BRICS) ਸੰਮੇਲਨ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੱਲ੍ਹ ਨਵੀਂ ਦਿੱਲੀ ਵਿੱਚ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ, ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਅਤੇ ਸੰਯੁਕਤ ਰਾਸ਼ਟਰ ਦੇ ਸਕੱਤਰ-ਜਨਰਲ ਐਂਟੋਨੀਓ ਗੁਟੇਰੇਸ ਨਾਲ ਦੁਵੱਲੀਆਂ ਮੀਟਿੰਗਾਂ ਕੀਤੀਆਂ। ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਮੁਲਾਕਾਤ ਦੌਰਾਨ, ਦੋਵਾਂ ਨੇਤਾਵਾਂ ਨੇ ਰਾਜਨੀਤੀ, ਵਪਾਰ ਅਤੇ ਆਰਥਿਕਤਾ, ਰੱਖਿਆ, ਊਰਜਾ, ਪੁਲਾੜ, ਹੁਨਰਮੰਦ ਪੇਸ਼ੇਵਰਾਂ ਦੇ ਆਦਾਨ-ਪ੍ਰਦਾਨ ਅਤੇ ਲੋਕਾਂ ਦਰਮਿਆਨ ਸੰਪਰਕ ਸਮੇਤ ਵੱਖ-ਵੱਖ ਖੇਤਰਾਂ ਵਿੱਚ ਭਾਰਤ-ਰੂਸ ਸਹਿਯੋਗ ਦੀ ਪ੍ਰਗਤੀ ਦਾ ਜਾਇਜ਼ਾ ਲਿਆ । ਦੋਵਾਂ ਧਿਰਾਂ ਨੇ ਆਪਸੀ ਹਿੱਤ ਦੇ ਮੁੱਖ ਖੇਤਰੀ ਅਤੇ ਆਲਮੀ ਮੁੱਦਿਆਂ 'ਤੇ ਵੀ ਵਿਚਾਰ ਦਾ ਵਟਾਂਦਰਾ ਕੀਤਾ, ਜਿਸ ਵਿੱਚ ਪੱਛਮੀ ਏਸ਼ੀਆ ਅਤੇ ਕਾਲੇ ਸਾਗਰ ਇਲਾਕੇ ਵਿੱਚ ਚੱਲ ਰਹੇ ਟਕਰਾਅ ਸ਼ਾਮਲ ਹਨ। ਸ੍ਰੀ ਮੋਦੀ

ਨੇ ਦੁਹਰਾਇਆ ਕਿ ਗੱਲਬਾਤ ਅਤੇ ਕੂਟਨੀਤੀ ਹੀ ਟਕਰਾਅ ਨੂੰ ਹੱਲ ਕਰਨ ਦਾ ਸਹੀ ਤਰੀਕਾ ਹੈ ਅਤੇ ਭਾਰਤ ਸ਼ਾਂਤੀ ਦੇ ਯਤਨਾਂ ਵਿੱਚ ਮਦਦ ਕਰਨ ਲਈ ਤਿਆਰ ਹੈ। ਦੋਵਾਂ ਨੇਤਾਵਾਂ ਨੇ ਭਾਰਤ ਅਤੇ ਰੂਸ ਵਿਚਕਾਰ 'ਵਿਸ਼ੇਸ਼ ਅਤੇ ਵਿਸ਼ੇਸ਼ ਅਧਿਕਾਰ ਪ੍ਰਾਪਤ ਰਣਨੀਤਕ ਭਾਈਵਾਲੀ' ਨੂੰ ਹੋਰ ਮਜ਼ਬੂਤ ਕਰਨ ਲਈ ਯਤਨ ਜਾਰੀ ਰੱਖਣ 'ਤੇ ਵੀ ਸਹਿਮਤੀ ਪ੍ਰਗਟਾਈ। ਈਰਾਨੀ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਨਾਲ ਮੁਲਾਕਾਤ ਵਿੱਚ, ਪ੍ਰਧਾਨ ਮੰਤਰੀ  ਨੇ ਦੁਵੱਲੇ ਸਬੰਧਾਂ ਅਤੇ ਪੱਛਮੀ ਏਸ਼ੀਆ ਵਿੱਚ ਹਾਲੀਆ ਘਟਨਾਕ੍ਰਮ ਬਾਰੇ ਚਰਚਾ ਕੀਤੀ। ਸ੍ਰੀ ਮੋਦੀ ਨੇ ਭਾਰਤ ਦੇ ਇਸ ਸਥਿਰ ਰੁਖ ਨੂੰ ਦੁਹਰਾਇਆ ਕਿ ਸਾਰੇ ਮੁੱਦਿਆਂ ਨੂੰ ਗੱਲਬਾਤ ਅਤੇ  ਕੂਟਨੀਤੀ ਰਾਹੀਂ ਹੱਲ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਖੇਤਰ ਵਿੱਚ ਸਥਾਈ ਸ਼ਾਂਤੀ ਅਤੇ ਸਥਿਰਤਾ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਯਤਨਾਂ ਦੀ ਲੋੜ 'ਤੇ ਜ਼ੋਰ ਦਿੰਦਿਆਂ , ਅਤੇ ਨਾਲ ਹੀ ਨਾਵਿਕਾਂ  ਅਤੇ ਵਪਾਰ ਦੀ ਆਜ਼ਾਦੀ ਦੀ ਰਾਖੀ ਕਰਨ ਅਤੇ ਸਮੁੰਦਰੀ ਯਾਤਰੀਆਂ ਦੀ ਸੁਰੱਖਿਆ ਅਤੇ ਭਲਾਈ ਨੂੰ ਯਕੀਨੀ ਬਣਾਉਣ ਦੇ ਮਹੱਤਵ ਨੂੰ ਉਜਾਗਰ ਕੀਤਾ। ਸੰਯੁਕਤ ਰਾਸ਼ਟਰ ਦੇ ਸਕੱਤਰ-ਜਨਰਲ  ਗੁਟੇਰੇਸ ਨੇ ਬ੍ਰਿਕਸ (BRICS) ਸੰਮੇਲਨ ਦੀ ਚੌਥੀ ਵਾਰ ਪ੍ਰਧਾਨਗੀ ਕਰਨ 'ਤੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵਧਾਈ ਦਿੱਤੀ।

-----------------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਿਸ਼ਵ ਵਪਾਰ ਦੇ ਨਿਰਵਿਘਨ ਪ੍ਰਵਾਹ ਨੂੰ ਬਣਾਈ ਰੱਖਣ ਲਈ ਸੁਰੱਖਿਅਤ ਸਮੁੰਦਰੀ ਮਾਰਗਾਂ, ਨਿਰਵਿਘਨ ਸਪਲਾਈ ਲੜੀ ਅਤੇ ਸਮੁੰਦਰੀ ਨਾਵਿਕਾਂ  ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਨੇ ਬ੍ਰਿਕਸ (BRICS) ਦੇਸ਼ਾਂ ਨੂੰ ਵਪਾਰਕ ਰੁਕਾਵਟਾਂ ਨੂੰ ਦੂਰ ਕਰਨ ਅਤੇ ਵਪਾਰਕ ਮੌਕਿਆਂ ਦਾ ਪਸਾਰ ਕਰਨ ਲਈ ਕੰਮ ਕਰਨ ਦੀ ਅਪੀਲ ਵੀ ਕੀਤੀ। ਪ੍ਰਧਾਨ ਮੰਤਰੀ ਕੱਲ੍ਹ ਸ਼ਾਮ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਬ੍ਰਿਕਸ ਬਿਜ਼ਨਸ ਫੋਰਮ ਦੇ ਸੈਸ਼ਨ ਨੂੰ ਸੰਬੋਧਨ ਕਰ ਰਹੇ ਸਨ। ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਸਮੁੰਦਰੀ ਆਵਾਜਾਈ ਦੀ ਆਜ਼ਾਦੀ ਅਤੇ ਨਾਵਿਕਾਂ   ਦੀ ਸੁਰੱਖਿਆ ਦਾ ਪੱਕਾ ਸਮਰਥਕ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਵਿਸ਼ਵ ਵਪਾਰ ਦੀ ਸੁਚਾਰੂ ਆਵਾਜਾਈ ਲਈ ਸੁਰੱਖਿਅਤ ਸਮੁੰਦਰੀ ਮਾਰਗ ਬਹੁਤ ਜ਼ਰੂਰੀ ਹਨ।

BYTE

ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਵਧ ਰਹੀਆਂ ਵਿਸ਼ਵ ਵਪਾਰਕ ਰੁਕਾਵਟਾਂ ਦੇ ਦੌਰਾਨ, ਭਾਰਤ ਆਰਥਿਕ ਪੁਲ ਵਜੋਂ ਕਮ ਕਰ ਰਿਹਾ ਏ |

BYTE

ਉਨ੍ਹਾਂ ਕਿਹਾ ਕਿ ਭਾਰਤ ਅੱਜ ਵਿਕਾਸ ਅਤੇ ਸਥਿਰਤਾ ਲਈ ਭਰੋਸੇ ਦਾ ਕੇਂਦਰ ਬਣਿਆ ਹੋਇਆ ਹੈ।  ਉਨ੍ਹਾਂ ਦੱਸਿਆ ਕਿ 2014 ਤੋਂ ਲੈ ਕੇ ਹੁਣ

ਤੱਕ ਭਾਰਤ ਨੇ ਲਗਭਗ 40 ਦੇਸ਼ਾਂ ਨਾਲ ਮੁਕਤ ਵਪਾਰ ਸਮਝੌਤੇ ਕੀਤੇ ਹਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੀ ਪਹੁੰਚ ਬ੍ਰਿਕਸ ਸਮੂਹ ਦੇ ਅੰਦਰ ਵੀ ਵਪਾਰਕ ਰੁਕਾਵਟਾਂ ਨੂੰ ਘਟਾਉਣ ਅਤੇ ਵਪਾਰਕ ਮੌਕਿਆਂ ਨੂੰ ਵਧਾਉਣ 'ਤੇ ਕੇਂਦਰਿਤ ਹੈ। ਪ੍ਰਧਾਨ ਮੰਤਰੀ ਮੋਦੀ ਨੇ ਬ੍ਰਿਕਸ ਦੇਸ਼ਾਂ ਨੂੰ ਵਿਸ਼ਵ ਪੱਧਰੀ ਨਵੀਨਤਾ ਅਤੇ ਹੱਲਾਂ ਲਈ ਉੱਭਰਦੇ ਕੇਂਦਰ ਵਜੋਂ ਦਰਸਾਇਆ। ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ ਦੀਆਂ ਪਹਿਲਕਦਮੀਆਂ ਤੋਂ ਲੈ ਕੇ ਅਤਿ-ਆਧੁਨਿਕ ਤਕਨਾਲੋਜੀਆਂ ਤੱਕ ਕਈ ਖੇਤਰਾਂ ਵਿੱਚ ਨਵੇਂ ਮੌਕੇ ਪੈਦਾ ਹੋ ਰਹੇ ਹਨ। ਸ੍ਰੀ  ਮੋਦੀ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਬ੍ਰਿਕਸ ਦੇਸ਼ ਹੁਣ ਵਿਸ਼ਵ ਦੀ ਆਬਾਦੀ ਦਾ 50 ਫੀਸਦੀ, ਵਿਸ਼ਵ ਜੀਡੀਪੀ (GDP) ਦਾ 40 ਫੀਸਦੀ ਅਤੇ ਵਿਸ਼ਵ ਵਪਾਰ ਦੇ 25 ਫੀਸਦੀ ਤੋਂ ਵੱਧ ਹਿੱਸੇ ਦੀ ਨੁਮਾਇੰਦਗੀ ਕਰਦੇ ਨੇ ।

BYTE

---------------------------------------------------------------------------

ਉੱਤਰ ਪ੍ਰਦੇਸ਼ ਵਿੱਚ ਹੜ੍ਹ ਦੀ ਵਿਗੜਦੀ ਹਾਲਾਤ  ਦਰਮਿਆਨ , ਰਾਜ ਸਰਕਾਰ ਨੇ ਪ੍ਰਭਾਵਿਤ ਪਰਿਵਾਰਾਂ ਦੀ ਮਦਦ ਲਈ ਰਾਹਤ ਅਤੇ ਬਚਾਅ ਕਾਰਜ ਤੇਜ਼ ਕਰ ਦਿੱਤੇ ਨੇ । ਭਾਰੀ ਮੀਂਹ ਅਤੇ ਡੈਮਾਂ ਵਿੱਚੋਂ ਪਾਣੀ ਛੱਡੇ ਜਾਣ ਕਾਰਨ ਰਾਜ ਦੇ 25 ਜ਼ਿਲ੍ਹੇ ਹੜ੍ਹ ਦੀ ਮਾਰ ਹੇਠ ਨੇ  । ਰਾਜ ਦੇ ਰਾਹਤ ਕਮਿਸ਼ਨਰ  ਦਫ਼ਤਰ ਅਨੁਸਾਰ, ਸਿਰਫ਼ ਵੀਰਵਾਰ ਨੂੰ ਹੀ

ਲਗਭਗ 8,000 ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ, ਜਿਸ ਨਾਲ ਕੁੱਲ ਬਚਾਏ ਗਏ ਲੋਕਾਂ ਦੀ ਗਿਣਤੀ ਲਗਭਗ 21 ਹਜ਼ਾਰ ਹੋ ਗਈ ਹੈ। ਇਸ ਸਮੇਂ ਲਗਭਗ 3 ਹਜ਼ਾਰ ਲੋਕ  ਰਾਹਤ ਕੈਂਪਾਂ ਵਿੱਚ ਰਹਿ ਰਹੇ ਹਨ।  ਹੜ੍ਹਾਂ ਦੌਰਾਨ ਬਿਮਾਰੀਆਂ ਫੈਲਣ ਦੇ ਖਤਰੇ ਨੂੰ ਦੇਖਦਿਆਂ ਸਿਹਤ ਵਿਭਾਗ ਵੀ ਪੂਰੀ ਤਰ੍ਹਾਂ ਸਰਗਰਮ ਹੈ। ਪ੍ਰਭਾਵਿਤ ਇਲਾਕਿਆਂ ਵਿੱਚ ਕੁੱਲ 1,165 ਮੈਡੀਕਲ  ਟੀਮਾਂ ਤਾਇਨਾਤ ਕੀਤੀਆਂ ਗਈਆਂ ਨੇ |

---------------------------------------------------------------------

ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਦੇ ਪਹਿਲੇ ਸੈਮੀਫਾਈਨਲ ਵਿੱਚ ਅੱਜ ਭਾਰਤ ਦਾ ਦੱਖਣੀ ਕੋਰੀਆ ਨਾਲ ਮੁਕਾਬਲਾ ਹੋਏਗਾ। ਚੀਨ ਦੇ ਮੋਕੀ  'ਚ ਇਹ ਮੈਚ ਭਾਰਤੀ ਸਮੇਂ ਅਨੁਸਾਰ  ਸਵੇਰੇ 9:45 ਵਜੇ ਹੋਵੇਗਾ। ਕੁਆਰਟਰ ਫਾਈਨਲ ਵਿੱਚ, ਭਾਰਤ ਨੇ ਪਾਕਿਸਤਾਨ ਨੂੰ 19-0 ਦੇ ਰਿਕਾਰਡ ਅੰਤਰ ਨਾਲ ਹਰਾਇਆ ਸੀ। ਭਾਰਤ 10 ਅੰਕਾਂ ਨਾਲ ਪੂਲ 'ਏ' ਵਿੱਚ ਸਿਖਰ 'ਤੇ ਰਿਹਾ।  ਦੂਜੇ ਸੈਮੀਫਾਈਨਲ ਵਿੱਚ, ਮੇਜ਼ਬਾਨ ਚੀਨ ਦਾ ਮੁਕਾਬਲਾ ਜਾਪਾਨ ਨਾਲ ਹੋਵੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਦੁਪਹਿਰ 12 ਵਜੇ ਸ਼ੁਰੂ ਹੋਏਗਾ |   ਇਸ ਤੋਂ ਪਹਿਲਾਂ,  ਕੱਲ੍ਹ ਭਾਰਤੀ ਪੁਰਸ਼ ਟੀਮ ਨੇ ਮਲੇਸ਼ੀਆ ਨੂੰ 3-1 ਨਾਲ ਹਰਾ ਕੇ ਇਸੇ ਟੂਰਨਾਮੈਂਟ ਦੇ ਸੈਮੀਫਾਈਨਲ ਵਿੱਚ ਜਗ੍ਹਾ ਬਣਾਈ ਸੀ।

---

ਮਹਿਲਾ ਏਸ਼ੀਆ ਕੱਪ ਕ੍ਰਿਕਟ ਟੂਰਨਾਮੈਂਟ ਦੇ ਫਾਈਨਲ 'ਚ ਕਲ ਦੁਬਈ 'ਚ , ਭਾਰਤੀ ਟੀਮ ਦਾ ਮੁਕਾਬਲਾ ਮੌਜੂਦਾ ਚੈਂਪੀਅਨ ਸ੍ਰੀਲੰਕਾ ਨਾਲ ਹੋਵੇਗਾ। ਸ੍ਰੀਲੰਕਾ ਨੇ ਪਾਕਿਸਤਾਨ ਨੂੰ ਚਾਰ ਵਿਕਟਾਂ ਨਾਲ ਹਰਾ ਕੇ ਫਾਈਨਲ ਵਿੱਚ ਜਗ੍ਹਾ ਬਣਾਈ। 131 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਸ੍ਰੀਲੰਕਾ ਦੀ ਟੀਮ ਨੇ ਅੱਠ ਗੇਂਦਾਂ ਬਾਕੀ ਰਹਿੰਦਿਆਂ 6 ਵਿਕਟਾਂ ਦੇ ਨੁਕਸਾਨ ਤੇ ਇਹ ਟੀਚਾ ਹਾਸਲ ਕਰ ਲਿਆ। ਇਸ ਤੋਂ ਪਹਿਲਾਂ, ਬੱਲੇਬਾਜ਼ੀ ਕਰਨ ਲਈ ਭੇਜੇ ਜਾਣ 'ਤੇ, ਪਾਕਿਸਤਾਨੀ ਟੀਮ ਨੇ ਆਪਣੇ ਨਿਰਧਾਰਤ 20 ਓਵਰਾਂ ਵਿੱਚ ਪੰਜ ਵਿਕਟਾਂ ਦੇ ਨੁਕਸਾਨ 'ਤੇ 130 ਦੌੜਾਂ ਬਣਾਈਆਂ। ਪਾਕਿਸਤਾਨ ਦੀ ਕਪਤਾਨ ਫਾਤਿਮਾ ਸਨਾ ਨੇ 47 ਦੌੜਾਂ ਦੀ ਪਾਰੀ ਖੇਡੀ ਅਤੇ ਚਾਰ ਵਿਕਟਾਂ ਵੀ ਲਈਆਂ, ਪਰ ਉਹ ਆਪਣੀ ਟੀਮ ਨੂੰ ਜਿੱਤ ਨਹੀਂ ਦਿਵਾ ਸਕੀ। ਫਾਤਿਮਾ ਨੂੰ 'ਪਲੇਅਰ ਆਫ਼ ਦ ਮੈਚ' ਚੁਣਿਆ ਗਿਆ।

---

- 18ਵਾਂ ਬ੍ਰਿਕਸ ਸਿਖਰ ਸੰਮੇਲਨ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸ਼ੁਰੂ ਹੋ ਰਿਹਾ ਏ | ਦੋ ਦਿਨਾਂ ਸੰਮੇਲਨ ਦੌਰਾਨ

ਵਿਸ਼ਵ ਸ਼ਾਸਨ , ਵਪਾਰ ਤੇ ਨਿਵੇਸ਼ ਅਤੇ ਭੋਜਨ ਤੇ ਊਰਜਾ ਸੁਰੱਖਿਆ ਵਰਗੇ ਮੁੱਦਿਆਂ ਤੇ ਚਰਚਾ ਹੋਏਗੀ |

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਚੀਨ ਦੇ ਰਾਸ਼ਟਰਪਤੀ ਸ਼ੀ ਜਿਨਫਿੰਗ ਸਮੇਤ ਕਈ ਬ੍ਰਿਕਸ ਨੇਤਾਵਾਂ ਨਾਲ ਦੁਵੱਲੀ ਗੱਲਬਾਤ ਕਰਨਗੇ |
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਿਸ਼ਵ ਵਪਾਰ ਦੇ ਨਿਰਵਿਘਨ ਪ੍ਰਵਾਹ ਨੂੰ ਬਣਾਈ ਰੱਖਣ ਲਈ ਸੁਰੱਖਿਅਤ ਸਮੁੰਦਰੀ ਮਾਰਗਾਂ, ਨਿਰਵਿਘਨ ਸਪਲਾਈ ਲੜੀ ਅਤੇ ਸਮੁੰਦਰੀ ਨਾਵਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦਾ ਸੱਦਾ ਦਿੱਤਾ ਏ।

- ਉੱਤਰ ਪ੍ਰਦੇਸ਼ ਦੇ 25 ਜ਼ਿਲ੍ਹੇ ਹੜਾਂ ਦੀ ਮਾਰ ਹੇਠ ਨੇ | ਰਾਹਤ ਤੇ ਬਚਾਅ ਕਾਰਜ ਤੇਜ਼ ਕਰ ਦਿੱਤੇ ਗਏ ਨੇ |
- ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਦੇ ਪਹਿਲੇ ਸੈਮੀਫਾਈਨਲ ਵਿੱਚ ਅੱਜ ਭਾਰਤ ਦਾ ਦੱਖਣੀ ਕੋਰੀਆ ਨਾਲ ਮੁਕਾਬਲਾ ਹੋਏਗਾ |

---

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ ਸਾਡਾ ਅਗਲਾ ਪ੍ਰਾਦੇਸ਼ਿਕ ਬੁਲੇਟਿਨ ਦੁਪਹਿਰ ਬਾਅਦ 1 ਵਜ ਕੇ 10 ਮਿੰਟ 'ਤੇ ਹੋਏਗਾ. ਨਮਸ੍ਕਾਰ